ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਕਰੋਨਾ ਵਾਇਰਸ ਤੋਂ ਬਚਾਅ ਲਈ ਅਨਾਜ ਮੰਡੀਆਂ ਵਿਚ ਵਿਸ਼ੇਸ਼ ਪ੍ਰਬੰਧ: ਡਿਪਟੀ ਕਮਿਸ਼ਨਰ
*ਅਨਾਜ ਮੰਡੀਆਂ ਲਈ 10 ਹਜ਼ਾਰ ਮਾਸਕ ਕਰਾਏ ਮੁਹੱਈਆ
*ਕਿਸਾਨਾਂ ਤੇ ਮਜ਼ਦੂਰਾਂ ਨੂੰ ਮਾਸਕ ਵੰਡਣ ਦੀ ਮੁਹਿੰਮ ਜ਼ੋਰਾਂ ’ਤੇ
*ਹੱਥ ਧੋਣ ਲਈ 87 ਪੈਡਲ ਮਸ਼ੀਨਾਂ ਦਾ ਪ੍ਰਬੰਧ; ਮਾਰਕੀਟ ਕਮੇਟੀਆਂ ਨੂੰ ਮੁਹੱਈਆ ਕਰਾਏ ਗਏ ਸੈਨੇਟਾਈਜ਼ਰ
* ਸਬੰਧਤ ਅਮਲਾ ਅਤੇ ਵਲੰਟੀਅਰ ਸਮਾਜਿਕ ਦੂਰੀ ਬਾਰੇ ਲਗਾਤਾਰ ਕਰ ਰਹੇ ਹਨ ਜਾਗਰੂਕ
ਬਰਨਾਲਾ, 20 ਅਪਰੈਲ
ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਕਣਕ ਦੀ ਸਰਕਾਰੀ ਖਰੀਦ 15 ਅਪਰੈਲ ਤੋਂ ਜਾਰੀ ਹੈ। ਇਸੇ ਤਹਿਤ ਜ਼ਿਲ੍ਹਾ ਬਰਨਾਲਾ ਦੀਆਂ ਮੰਡੀਆਂ ਵਿੱਚ ਵੀ ਕਣਕ ਦੀ ਆਮਦ ਅਤੇ ਖਰੀਦ ਜ਼ੋਰਾਂ ’ਤੇ ਹੈ। ਕਰੋਨਾ ਵਾਇਰਸ ਦੇ ਮੱਦਨਜ਼ਰ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਆਦੇਸ਼ਾਂ ’ਤੇ ਮੰਡੀਆਂ ਵਿਚ ਜਿੱਥੇ ਸਮਾਜਿਕ ਦੂਰੀ ਦਾ ਖਾਸ ਖਿਆਲ ਰੱਖਿਆ ਜਾ ਰਿਹਾ ਹੈ, ਉਥੇ ਬਿਜਲੀ, ਪਾਣੀ, ਮਾਸਕ, ਸੈਨੇਟਾਈਜ਼ਰ ਜਿਹੀਆਂ ਸਹੂਲਤਾਂ ਤੋਂ ਇਲਾਵਾ ਸਕਰੀਨਿੰਗ ਮੁਹਿੰਮ ਜ਼ੋਰਾਂ ਉਤੇ ਹੈ।
ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਜ਼ਿਲ੍ਹੇ ਵਿਚ 98 ਤੋਂ ਮੰਡੀਆਂ ਤੋਂ ਇਲਾਵਾ 107 ਸ਼ੈਲਰਾਂ ਦਾ ਪ੍ਰਬੰਧ ਕੀਤਾ ਹੋਇਆ ਹੈ ਤਾਂ ਜੋ ਮੰਡੀਆਂ ਵਿਚ ਭੀੜ ਨਾ ਹੋਵੇ। ਉਨ੍ਹਾਂ ਦੱਸਿਆ ਕਿ ਇਸ ਸੀਜ਼ਨ ਵਿਚ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਅੰਦਾਜ਼ਨ 5 ਲੱਖ ਟਨ ਕਣਕ ਦੀ ਆਮਦ ਦੀ ਉਮੀਦ ਹੈ ਤੇ ਸਾਰੀਆਂ ਮੰਡੀਆਂ ਵਿਚ ਖਰੀਦ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ 19 ਅਪ੍ਰੈਲ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ 66,727 ਮੀਟ੍ਰਿਕ ਟਨ ਕਣਕ ਦੀ ਆਮਦ ਤੇ 51,116 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ ਤੇ ਲਿਫਟਿੰਗ ਪ੍ਰਕਿਰਿਆ ਵੀ ਨਾਲੋ-ਨਾਲ ਜਾਰੀ ਹੈ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਰੋਨਾ ਵਾਇਰਸ ਦੇ ਮੱਦੇਨਜ਼ਰ ਮੰਡੀਆਂ ਵਿਚ ਸਮਾਜਿਕ ਦੂਰੀ ਅਤੇ ਹੋਰ ਸਹੂਲਤਾਂ ਦਾ ਖਾਸ ਖਿਆਲ ਰੱਖਿਆ ਜਾ ਰਿਹਾ ਹੈ ਅਤੇ ਮੰਡੀ ਬੋਰਡ ਤੇ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਵਾਉਣ ਦੀਆਂ ਹਦਾਇਤਾਂ ਦਿੱਤੀਆਂ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 10 ਹਜ਼ਾਰ ਮਾਸਕ ਮੰਡੀਆਂ ਲਈ ਮੁਹੱਈਆ ਕਰਾਏ ਜਾ ਚੁੱਕੇ ਹਨ ਅਤੇ ਇਹ ਉਪਰਾਲਾ ਜਾਰੀ ਰਹੇਗਾ।
ਇਸ ਮੌਕੇ ਜ਼ਿਲ੍ਹਾ ਮੰਡੀ ਅਫਸਰ ਜਸਪਾਲ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ’ਤੇ ਜ਼ਿਲ੍ਹਾ ਬਰਨਾਲਾ ਦੀਆਂ ਮੰਡੀਆਂ ਵਿਚ ਪੈਰਾਂ ਨਾਲ ਚੱਲਣ ਵਾਲੀਆਂ 87 ਮਸ਼ੀਨਾਂ ਹੱਥ ਧੋਣ ਲਈ ਲਾਈਆਂ ਗਈਆਂ ਹਨ। ਇਸ ਤੋਂ ਇਲਾਵਾ ਮਾਰਕੀਟ ਕਮੇਟੀ ਬਰਨਾਲਾ ਵਿਚ 11 ਵਾਟਰ ਕੂਲਰ ਅਤੇ ਜ਼ਿਲ੍ਹੇ ਵਿਚ 33 ਸਟੈਂਡਿੰਗ ਪੋਸਟਾਂ ਲਾਈਆਂ ਗਈਆਂ ਹਨ। ਮਾਰਕੀਟ ਕਮੇਟੀ ਬਰਨਾਲਾ ਅਤੇ ਧਨੌਲਾ ਦੇ ਮੁੱਖ ਯਾਰਡਾਂ ਵਿਚ ਕੈਂਪਰਾਂ ਦੇ ਪ੍ਰਬੰਧ ਹਨ। ਇਸ ਤੋਂ ਇਲਾਵਾ ਸਮੂਹ ਖਰੀਦ ਕੇਂਦਰਾਂ ਵਿਚ ਸਮਰਸੀਬਲ ਮੋਟਰਾਂ, ਘੜੇ, ਪੀਣ ਵਾਲੇ ਪਾਣੀ ਦੀਆਂ ਟੈਂਕੀਆਂ ਦੇ ਪ੍ਰਬੰਧ ਹਨ ਅਤੇ ਮੰਡੀਆਂ ਵਿਚ ਬਿਜਲੀ ਅਤੇ ਛਾਂ ਦੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅਧੀਨ ਮੁੱਖ ਯਾਰਡਾਂ ਵਿਚ ਲੈਬਾਰੇਟਰੀ ਬਲਾਕ ਬਣੇ ਹੋਏ ਹਨ, ਜਿਨ੍ਹਾਂ ਦੀ ਗਿਣਤੀ 10 ਹੈ। ਇਸ ਤੋਂ ਇਲਾਵਾ ਮੰਡੀਆਂ ਵਿਚ ਆਰਜ਼ੀ ਪਖਾਨਿਆਂ ਦਾ ਪ੍ਰਬੰਧ ਕੀਤਾ ਗਿਆ ਹੈ।
ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਲਈ ਲਗਭਗ 10 ਹਜ਼ਾਰ ਮਾਸਕ ਮੁਹੱਈਆ ਕਰਾਏ ਜਾ ਚੁੱਕੇ ਹਨ, ਜਿਨ੍ਹਾਂ ਨੂੰ ਵੰਡਣ ਦੀ ਮੁਹਿੰਮ ਜਾਰੀ ਹੈ। ਇਸ ਤੋਂ ਇਲਾਵਾ ਵਲੰਟੀਅਰਾਂ ਤੇ ਮਾਰਕੀਟ ਕਮੇਟੀ ਅਮਲੇ ਵੱਲੋਂ ਕਿਸਾਨਾਂ ਤੇ ਮਜ਼ਦੂਰਾਂ ਨੂੰ ਸਮਾਜਿਕ ਦੂਰੀ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਸਮੂਹ ਮਾਰਕੀਟ ਕਮੇਟੀਆਂ ਨੂੰ ਸੈਨੇਟਾਈਜ਼ਰ ਮੁਹੱਈਆ ਕਰਾਏ ਗਏ ਹਨ, ਜਿਨ੍ਹਾਂ ਨਾਲ ਕਿਸਾਨਾਂ, ਮਜ਼ਦੂਰਾਂ ਦੇ ਹੱਥ ਸੈਨੇਟਾਈਜ਼ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਅੱਜ ਨਵੀਂ ਅਨਾਜ ਮੰਡੀ, ਖੁੱਡੀ ਖੁਰਦ, ਠੀਕਰੀਵਾਲਾ, ਧੌਲਾ, ਕਾਹਨਕੇ ਕਈ ਸਣੇ ਕਈ ਮੰਡੀਆਂ ਵਿਚ ਮਜ਼ਦੂਰਾਂ ਨੂੰ ਮਾਸਕ ਵੰਡੇ ਗਏ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਜ਼ਿਲ੍ਹਾ ਬਰਨਾਲਾ ਦੀਆਂ ਅਨਾਜ ਮੰਡੀਆਂ ਵਿਚ ਸਕਰੀਨਿੰਗ ਮੁਹਿੰਮ ਜ਼ੋਰਾਂ 'ਤੇ
* 17 ਆਰਆਰਟੀਜ਼ ਵੱਲੋਂ ਲਗਾਤਾਰ ਕੀਤੀ ਜਾ ਰਹੀ ਹੈ ਕਿਸਾਨਾਂ ਅਤੇ ਮਜ਼ਦੂਰਾਂ ਦੀ ਸਕਰੀਨਿੰਗ
* ਮੰਡੀਆਂ ਵਿਚ ਸਮਾਜਿਕ ਦੂਰੀ ਬਾਰੇ ਜਾਗਰੂਕ ਕਰ ਰਿਹੈ ਮਾਸ ਮੀਡੀਆ ਵਿੰਗ
ਬਰਨਾਲਾ, 20 ਅਪਰੈਲ
ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾਂ ਦੇ ਆਦੇਸ਼ਾਂ ਅਨੁਸਾਰ ਸਿਹਤ ਵਿਭਾਗ ਵੱਲੋਂ ਅਨਾਜ ਮੰਡੀਆਂ ਵਿਚ ਆੜ੍ਹਤੀਆਂ, ਕਿਸਾਨਾਂ ਤੇ ਮਜ਼ਦੂਰਾਂ ਦੀ ਸਕਰੀਨਿੰਗ ਮੁਹਿੰਮ ਜ਼ੋਰਾਂ 'ਤੇ ਹੈ।
ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿਚ 17 ਆਰਆਰਟੀਜ਼ ਸੇਵਾਵਾਂ ਦੇਣ ਵਿਚ ਡਟੀਆਂ ਹੋਈਆਂ ਹਨ, ਜਿਨ੍ਹਾਂ ਵੱਲੋ ਬਰਨਾਲਾ ਸ਼ਹਿਰ ਤੋਂ ਇਲਾਵਾ ਸਿਹਤ ਬਲਾਕ ਤਪਾ, ਧਨੌਲਾ ਤੇ ਮਹਿਲ ਕਲਾਂ ਦੀਆਂ ਅਨਾਜ ਮੰਡੀਆਂ ਵਿਚ ਕਿਸਾਨਾਂ ਅਤੇ ਮਜ਼ਦੂਰਾਂ ਦੀ ਲਗਾਤਾਰ ਸਕਰੀਨਿੰਗ ਕੀਤੀ ਜਾ ਰਹੀ ਹੈ।
ਸਿਵਲ ਸਰਜਨ ਨੇ ਦੱਸਿਆ ਕਿ ਪਿਛਲੇ ਦਿਨੀਂ ਬਰਨਾਲਾ ਮੰਡੀ ਵਿਚ ਸਕਰੀਨਿੰਗ ਕੈਂਪ ਲਾਇਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਤਪਾ ਬਲਾਕ ਐਸਐਮਓ ਜਸਵੀਰ ਸਿੰਘ ਔਲਖ ਦੀ ਅਗਵਾਈ ਵਿਚ 5 ਆਰਆਰਟੀਜ਼ ਵੱਲੋਂ ਅੱਜ 6 ਮੰਡੀਆਂ ਵਿਚ 209 ਵਿਅਕਤੀਆਂ ਦੀ ਜਾਂਚ ਕੀਤੀ ਗਈ। ਮਹਿਲ ਕਲਾਂ ਬਲਾਕ ਵਿਚ ਐਸਐਮਓ ਹਰਜਿੰਦਰ ਸਿੰਘ ਆਂਡਲੂ ਦੀ ਅਗਵਾਈ ਵਿਚ 5 ਟੀਮਾਂ ਵੱਲੋਂ 14 ਮੰਡੀਆਂ ਵਿਚ 586 ਵਿਅਕਤੀਆਂ ਦੀ ਸਕਰੀਨਿੰਗ ਕੀਤੀ ਜਾ ਚੁੱਕੀ ਹੈ। ਇਸੇ ਤਰ੍ਹਾਂ ਐਸਐਮਓ ਧਨੌਲਾ ਦੀ ਅਗਵਾਈ 'ਚ ਬਲਾਕ ਵਿਚ 6 ਆਰਆਰਟੀਜ਼ ਵੱਲੋਂ ਅੱਜ 5 ਅਨਾਜ ਮੰਡੀਆਂ ਵਿਚ 70 ਵਿਅਕਤੀਆਂ ਦੀ ਸਕਰੀਨਿੰਗ ਕੀਤੀ ਗਈ। ਇਨ੍ਹਾਂ ਰੈਪਿਡ ਰਿਸਪੌਂਸ ਟੀਮਾਂ ਵੱਲੋਂ ਲਗਾਤਾਰ ਵੱਖ ਵੱਖ ਅਨਾਜ ਮੰਡੀਆਂ ਵਿਚ ਲੇਜ਼ਰ ਮਸ਼ੀਨ ਰਾਹੀਂ ਸਬੰਧਤ ਵਿਅਕਤੀਆਂ ਦਾ ਤਾਪਮਾਨ ਚੈੱਕ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਖੰਘ, ਬੁਖਾਰ, ਜ਼ੁਕਾਮ ਆਦਿ ਦੇ ਲੱਛਣ ਪੁੱਛੇ ਅਤੇ ਚੈੱਕ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।
ਇਸ ਦੌਰਾਨ ਜ਼ਿਲ੍ਹੇ ਵਿਚ 2 ਮੋਬਾਈਲ ਮੈਡੀਕਲ ਯੂਨਿਟ ਬੱਸਾਂ ਵਿਚ ਮਰੀਜ਼ਾਂ ਨੂੰ ਰੂਟ ਪਲਾਨ ਅਨੁਸਾਰ ਲਗਾਤਾਰ ਸਿਹਤ ਸੇਵਾਵਾਂ ਮੁਹੱਈਆ ਕਰਾ ਰਹੀਆਂ ਹਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਪਿੰਡ ਪੰਡੋਰੀ ਤੋਂ ਨਵਜੰਮਾ ਬੱਚਾ ਮਿਲਿਆ

ਮਹਿਲ ਕਲਾਂ/ਬਰਨਾਲਾ, **20** ਅਪਰੈਲ

ਪਿੰਡ ਪੰਡੋਰੀ ਤੋਂ ਅੱਜ ਸਵੇਰੇ ਇਕ ਨਵਜੰਮਿਆ ਬੱਚਾ ਮਿਲਿਆ ਹੈ। ਇਹ ਜਾਣਕਾਰ ਦਿੰਦੇ ਹੋਏ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ੍ਰੀ ਅਭਿਸ਼ੇਕ ਸਿੰਗਲਾ ਨੇ ਦੱਸਿਆ ਕਿ ਉਨ੍ਹਾਂ ਨੂੰ ਜਾਣਕਾਰੀ ਮਿਲੀ ਸੀ ਕਿ ਪਿੰਡ ਪੰਡੋਰੀ ਵਿਚ ਕੋਈ ਨਵਜੰਮਿਆ ਬੱਚਾ ਲਾਵਾਰਸ ਪਿਆ ਹੈ, ਜੋ ਕਿ ਲੜਕਾ ਹੈ। ਪੁਲੀਸ ਦੀ ਮਦਦ ਨਾਲ ਇਹ ਬੱਚਾ ਸਿਵਲ ਹਸਪਤਾਲ, ਮਹਿਲ ਕਲਾਂ ਦਾਖਲ ਕਰਾਇਆ ਗਿਆ, ਜਿਸ ਨੂੰ ਮਗਰੋਂ ਸਿਵਲ ਹਸਪਤਾਲ, ਬਰਨਾਲਾ ਤਬਦੀਲ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਬੱਚੇ ਦੀ ਹਾਲਤ ਠੀਕ ਹੈ। ਉਨ੍ਹਾਂ ਦੱਸਿਆ ਕਿ ਪੁਲੀਸ ਵੱਲੋਂ ਬੱਚੇ ਦੇ ਮਾਪਿਆਂ ਦਾ ਪਤਾ ਲਗਾਇਆ ਜਾ ਰਿਹਾ ਹੈ। ਜੇਕਰ ਬੱਚੇ ਦੇ ਮਾਪਿਆਂ ਦਾ ਪਤਾ ਨਹੀਂ ਲੱਗਦਾ ਹੈ ਤਾਂ ਜ਼ਿਲ੍ਹਾ ਬਾਲ ਭਲਾਈ ਕਮੇਟੀ ਦੇ ਹੁਕਮਾਂ ਅਨੁਸਾਰ ਬੱਚੇ ਨੂੰ ਅਡਾਪਸ਼ਨ ਏਜੰਸੀ ਭੇਜ ਦਿੱਤਾ ਜਾਵੇਗਾ, ਜਿੱਥੇ ਬੱਚੇ ਦਾ ਸੁਚੱਜਾ ਪਾਲਣ-ਪੋਸ਼ਣ ਕੀਤਾ ਜਾਵੇਗਾ।